ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਡਾਕਟਰੀ ਅਤੇ ਜ਼ਰੂਰੀ ਸੇਵਾਵਾਂ ਲਈ ਕੋਵਿਡ ਹੈਲਪਲਾਈਨ ਨੰਬਰਾਂ ਦੀ ਵਰਤੋਂ ਕਰੋ-ਡਿਪਟੀ ਕਮਿਸ਼ਨਰ**

ਅੰਮ੍ਰਿਤਸਰ, 18 ਅਪ੍ਰੈਲ ( )-

ਪੰਜਾਬ ਸਰਕਾਰ ਨੇ ਤਾਲਾਬੰਦੀ ਦੌਰਾਨ ਜਨਤਕ ਮਹੱਤਵ ਦੇ ਵੱਖ-ਵੱਖ ਡਾਕਟਰੀ ਅਤੇ ਜ਼ਰੂਰੀ ਸੇਵਾਵਾਂ ਸਬੰਧੀ ਮੁੱਦਿਆਂ ਦੇ ਸਮੇਂ ਸਿਰ ਅਤੇ ਜਲਦ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਟੋਲ-ਫ੍ਰੀ ਹੈਲਪਲਾਈਨ ਨੰਬਰਾਂ ਦੀ ਇੱਕ ਲੜੀ ਸ਼ੁਰੂ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਦੱਸਿਆ ਕਿ ਕੋਵਿਡ -19 ਕੰਟਰੋਲ ਰੂਮ ਵੱਲੋਂ ਕਾਨੂੰਨ ਅਤੇ ਵਿਵਸਥਾ ਨਾਲ ਸਬੰਧਤ ਮੁੱਦੇ ਜਾਂ ਸ਼ਿਕਾਇਤ ਦਰਜ ਕਰਾਉਣ ਲਈ 112 ਅਤੇ ਮੈਡੀਕਲ ਸਬੰਧੀ ਸਾਰੀਆਂ ਜ਼ਰੂਰਤਾਂ ਲਈ 104 ਹੈਲਪਲਾਈਨ ਦੀ ਸਹੂਲਤ ਦਿੱਤੀ ਗਈ ਹੈ। ਇਸ ਉਪਰਾਲੇ ਦਾ ਮੰਤਵ ਇਸ ਸੰਕਟਕਾਲੀ ਘੜੀ ਦੌਰਾਨ ਲੋਕਾਂ ਨੂੰ ਤਣਾਅ ਮੁਕਤ ਰਹਿਣ ਲਈ ਸਲਾਹ ਅਤੇ ਕਾਉਂਸਲਿੰਗ ਸਬੰਧੀ ਸੁਵਿਧਾਵਾਂ ਮੁਹੱਈਆ ਕਰਾਉਣਾ ਹੈ।

ਇਸ ਤੋਂ ਇਲਾਵਾ ਇਕ ਜਨਰਲ ਹੈਲਪਲਾਈਨ ਨੰਬਰ 1905 ਨੂੰ ਵੀ ਕਾਰਜਸ਼ੀਲ ਬਣਾਇਆ ਗਿਆ ਹੈ ਜਿਸਨੂੰ ਵਰਤ ਕੇ ਲੋਕ ਘਰੇਲੂ ਵਰਤੋਂ ਦੀਆਂ ਵਸਤਾਂ ਦੀ ਸਪਲਾਈ ਅਤੇ ਉਪਲਬਧਤਾ ਸਬੰਧੀ ਲੋੜੀਂਦੀ ਜਾਣਕਾਰੀ ਲੈ ਸਕਦੇ ਹਨ। ਉਨਾਂ ਦੱਸਿਆ ਕਿ ਐਂਬੂਲੈਂਸ ਸੇਵਾ ਲਈ 108 ਹੈਲਪਲਾਈਨ ਨੰਬਰ ਦੀ ਸਹੂਲਤ ਵੀ ਸ਼ੁਰੂ ਕੀਤੀ ਗਈ ਹੈ। ਸ. ਢਿੱਲੋਂ ਨੇ ਦੱਸਿਆ ਕਿ ਇਸ ਤੋਂ ਇਲਾਵਾ ਰਾਜ ਸਰਕਾਰ ਵੱਲੋਂ ਲੋਕਾਂ ਲਈ ਟੈਲੀ -ਕਾਨਫਰੰਸਿੰਗ ਰਾਹੀਂ ਸੀਨੀਅਰ ਡਾਕਟਰਾਂ ਦੇ ਨੈੱਟਵਰਕ ਨਾਲ ਜੁੜਨ ਅਤੇ ਕੋਵਿਡ -19 ਅਤੇ ਹੋਰ ਸਮੱਸਿਆਵਾਂ ਸਬੰਧੀ ਡਾਕਟਰੀ ਸਲਾਹ ਲੈਣ ਲਈ ਇਕ ਵਿਸ਼ੇਸ਼ ਹੈਲਪਲਾਈਨ 1800 180 4104 ਵੀ ਸ਼ੁਰੂ ਕੀਤੀ ਹੈ।

ਲੋਕਾਂ ਨੂੰ ਬਿਹਤਰ ਸਿਹਤ ਅਤੇ ਸਹਾਇਕ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧਤਾ ਦੁਹਰਾਉਂਦਿਆਂ ਸ. ਢਿੱਲੋਂ ਨੇ ਭਰੋਸਾ ਦਿੱਤਾ ਕਿ ਸਾਰੇ ਸਬੰਧਤ ਵਿਭਾਗ ਇਕਜੁੱਟਤਾ ਨਾਲ ਕੰਮ ਕਰ ਰਹੇ ਹਨ ਅਤੇ ਕਿਸੇ ਵੀ ਚੁਣੌਤੀ ਦਾ ਸਾਹਮਣਾ ਕਰਨ ਲਈ ਪੂਰੀ ਤਰਾਂ ਨਾਲ ਤਿਆਰ ਹਨ। ਉਨਾਂ ਲੋਕਾਂ ਨੂੰ ਸਿਹਤ ਅਤੇ ਸਮਾਜਕ ਦੂਰੀ ਰੱਖਣ ਸਬੰਧੀ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਕਰਦੇ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਉਹ ਸਮਾਂ ਹੈ, ਜਦੋਂ ਅਸੀਂ ਘਰ ਬੈਠ ਕੇ ਆਪਣੇ ਪਰਿਵਾਰ ਦੀ ਸੁਰੱਖਿਆ ਵਿਚ ਯੋਗਦਾਨ ਪਾ ਸਕਦੇ ਹਾਂ।

==========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਕਣਕ ਦੀ ਖਰੀਦ ਲਈ ਪਾਸ ਦੀ ਕੋਈ ਕਮੀ ਨਹੀਂ-ਮੰਡੀ ਅਫਸਰ**

**-ਪਾਸ ਲੈਣ ਲਈ ਕਿਸਾਨ ਆਪਣੇ ਆੜਤੀਏ ਨਾਲ ਸੰਪਰਕ ਕਰਨ**

ਅੰਮ੍ਰਿਤਸਰ, 18 ਅਪ੍ਰੈਲ ( )--

ਕੋਵਿਡ-19 ਦੀ ਮਹਾਮਾਰੀ ਦੇ ਮੱਦੇਨਜ਼ਰ ਕਣਕ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਪੰਜਾਬ ਮੰਡੀ ਬੋਰਡ ਵੱਲੋਂ ਆੜਤੀਆਂ ਰਾਹੀਂ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫਸਲ ਲਿਆਉਣ ਲਈ ਲੋੜੀਂਦੇ ਪਾਸ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਕਿਸੇ ਵੀ ਕਿਸਾਨ ਨੂੰ ਪਾਸ ਦੇ ਮੁੱਦੇ ਉਤੇ ਕੋਈ ਮੁਸ਼ਿਕਲ ਨਹੀਂ ਆਵੇਗੀ। ਇਹ ਜਾਣਕਾਰੀ ਦਿੰਦਿਆਂ ਮੰਡੀ ਅਫਸਰ ਸ੍ਰੀ ਜਸਵਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਮੰਡੀਆਂ ਵਿੱਚ ਭੀੜ-ਭੜੱਕਾ ਰੋਕਣ ਲਈ ਇਸ ਵਾਰ 55 ਮੰਡੀਆਂ ਬਣਾਈਆਂ ਗਈਆਂ ਹਨ, ਇਸ ਤੋਂ ਇਲਾਵਾ 9 ਸ਼ੈਲਰਾਂ ਨੂੰ ਵੀ ਆਰਜ਼ੀ ਤੌਰ 'ਤੇ ਮੰਡੀ ਵਜੋਂ ਵਰਤਿਆ ਜਾ ਰਿਹਾ ਹੈ। ਉਨਾਂ ਦੱਸਿਆ ਕਿ ਇਨਾਂ ਮੰਡੀਆਂ ਵਿੱਚ ਕਰੋਨਾਵਾਇਰਸ ਦੇ ਮੱਦੇਨਜ਼ਰ ਕਣਕ ਦੀ ਫੌਰੀ ਖਰੀਦ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਮਾਰਕੀਟ ਕਮੇਟੀਆਂ ਵੱਲੋਂ ਆੜਤੀਆਂ ਰਾਹੀਂ ਕਿਸਾਨਾਂ ਨੂੰ ਪਾਸ ਜਾਰੀ ਕੀਤੇ ਜਾ ਰਹੇ ਹਨ।

ਉਨਾਂ ਇਹ ਵੀ ਸਪੱਸ਼ਟ ਕੀਤਾ ਕਿ ਕਿਸਾਨਾਂ ਨੂੰ ਆੜਤੀਆਂ ਵੱਲੋਂ ਸਿੱਧੇ ਤੌਰ 'ਤੇ ਪਾਸ ਦਿੱਤੇ ਜਾ ਰਹੇ ਹਨ ਅਤੇ ਇਹ ਪਾਸ ਲੈਣ ਲਈ ਕਿਸੇ ਐਪ ਦੀ ਕੋਈ ਸ਼ਰਤ ਜਾਂ ਬੰਦਿਸ਼ ਨਹੀਂ ਹੈ। ਉਨਾਂ ਨੇ ਕਿਸਾਨਾਂ ਨੂੰ ਮੰਡੀਆਂ ਵਿੱਚ ਫਸਲ ਲਿਜਾਣ ਲਈ ਪਾਸ ਲੈਣ ਵਾਸਤੇ ਕਿਸੇ ਐਪ ਦੀ ਬਜਾਏ ਆਪਣੇ ਆੜਤੀਏ ਤੱਕ ਪਹੁੰਚ ਕਰਨ ਦੀ ਅਪੀਲ ਵੀ ਕੀਤੀ। ਉਨਾਂ ਕਿਹਾ ਕਿ ਮੌਜੂਦਾ ਮੰਡੀਕਰਨ ਸੀਜ਼ਨ ਦੌਰਾਨ ਸਭ ਤੋਂ ਵੱਧ ਤਰਜੀਹ ਆਪਸੀ ਦੂਰੀ ਅਤੇ ਸਿਹਤ ਸੁਰੱਖਿਆ ਉਪਾਵਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ 'ਤੇ ਦਿੱਤੀ ਜਾ ਰਹੀ ਤਾਂ ਕਿ ਕਰੋਨਾਵਾਇਰਸ ਦੇ ਫੈਲਾਅ ਨੂੰ ਰੋਕਿਆ ਜਾ ਸਕੇ।

ਕਿਸਾਨਾਂ ਲਈ ਮੰਡੀਆਂ ਵਿੱਚ ਸਿਹਤ ਸੁਰੱਖਿਆ ਉਪਾਵਾਂ ਲਈ ਚੁੱਕੇ ਕਦਮਾਂ ਦਾ ਜ਼ਿਕਰ ਕਰਦਿਆਂ ਸ੍ਰੀ ਧਾਲੀਵਾਲ ਨੇ ਦੱਸਿਆ ਕਿ ਸਾਰੀਆਂ ਅਨਾਜ ਮੰਡੀਆਂ ਵਿੱਚ ਕਿਸਾਨਾਂ ਦੇ ਹੱਥਾਂ ਨੂੰ ਸਾਫ ਰੱਖਣ ਲਈ ਸੈਨੀਟਾਈਜ਼ਰ ਮੁਹੱਈਆ ਕਰਵਾਇਆ ਗਿਆ ਹੈ ਤਾਂ ਕਿ ਕਰੋਨਾਵਾਇਰਸ ਦੇ ਰੋਗ ਨੂੰ ਪੂਰੀ ਤਰਾਂ ਅਸਰਹੀਣ ਬਣਾਈ ਰੱਖਿਆ ਜਾ ਸਕੇ। ਉਨਾਂ ਦੱਸਿਆ ਕਿ ਇਸ ਤੋਂ ਇਲਾਵਾ ਸਾਰੇ ਮੁੱਖ ਯਾਰਡ ਅਤੇ ਸਬ-ਯਾਰਡ ਵਿੱਚ ਪਾਣੀ ਵਾਲੀਆਂ ਟੈਂਕੀਆਂ ਵਾਲੇ ਵਾਸ਼-ਬੇਸਣ ਲਾਏ ਜਾ ਚੁੱਕੇ ਹਨ ਅਤੇ ਇਨਾਂ ਵਾਸ-ਬੇਸਣਾਂ ਦੇ ਪੈਰਾਂ ਨਾਲ ਚੱਲਣ ਦੀ ਵਿਵਸਥਾ ਕੀਤੀ ਗਈ ਹੈ। ਉਨਾਂ ਇਹ ਵੀ ਦੱਸਿਆ ਕਿ ਸਾਰੀਆਂ ਮੰਡੀਆਂ ਵਿੱਚ ਮੁਕੰਮਲ ਸਫਾਈ ਅਤੇ ਸਿਹਤ ਸੁਰੱਖਿਆ ਲਈ ਸੋਡੀਅਮ ਹਾਈਪੋਕਲੋਰਾਈਟ ਨਾਲ ਛਿੜਕਾਅ ਕੀਤਾ ਜਾ ਰਿਹਾ ਹੈ।

=======

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਜਨਤਕ ਸਥਾਨਾਂ ਉਤੇ ਮਾਸਕ ਦੀ ਵਰਤੋਂ ਯਕੀਨੀ ਬਣਾਈ ਜਾਵੇਗੀ-ਪੁਲਿਸ ਕਮਿਸ਼ਨਰ**

**ਮਾਸਕ ਨਾ ਪਾਉਣ ਵਾਲਿਆਂ ਦੇ ਕੱਟੇ ਜਾਣਗੇ ਚਲਾਨ**

ਅੰਮ੍ਰਿਤਸਰ, 18 ਅਪ੍ਰੈਲ ( )-

ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪੰਜਾਬ ਵਾਸੀਆਂ ਨੂੰ ਕੋਵਿਡ 19 ਤੋਂ ਬਚਾਉਣ ਲਈ ਜਨਤਕ ਥਾਵਾਂ ਉਤੇ ਮਾਸਕ ਪਾਉਣਾ ਲਾਜ਼ਮੀ ਕਰਾਰ ਦਿੱਤਾ ਗਿਆ ਹੈ, ਤਾਂ ਕਿ ਵਾਇਰਸ ਦਾ ਫੈਲਾਅ ਨਾ ਹੋਵੇ। ਇਸ ਨੂੰ ਯਕੀਨੀ ਬਨਾਉਣ ਲਈ ਪੰਜਾਬ ਪੁਲਿਸ ਹਰ ਥਾਂ ਨਿਗਰਾਨੀ ਰੱਖੇਗੀ ਅਤੇ ਜਿਸ ਵੀ ਵਿਅਕਤੀ ਨੇ ਮਾਸਕ ਨਾ ਪਾਉਣ ਦੀ ਕੁਤਾਹੀ ਕੀਤੀ ਉਸ ਦਾ ਚਲਾਨ ਕੱਟਿਆ ਜਾਵੇਗਾ। ਉਕਤ ਸਬਦਾਂ ਦਾ ਪ੍ਰਗਟਾਵਾ ਕਰਦੇ ਪੁਲਿਸ ਕਮਿਸ਼ਨਰ ਡਾ. ਸੁਖਚੈਨ ਸਿੰਘ ਗਿੱਲ ਨੇ ਕਿਹਾ ਕਿ ਬੀਤੇ ਦਿਨ ਵੀ ਮੁੱਖ ਮੰਤਰੀ ਪੰਜਾਬ ਨੇ ਵੀਡੀਓ ਕਾਨਫਰੰਸ ਵਿਚ ਮਾਸਕ ਦੀ ਜਨਤਕ ਤੌਰ 'ਤੇ ਵਰਤੋਂ ਨੂੰ ਸਖਤੀ ਨਾਲ ਲਾਗੂ ਕਰਨ ਦੇ ਆਦੇਸ਼ ਦਿੱਤੇ ਹਨ ਅਤੇ ਨਾਲ ਹੀ ਪੁਲਿਸ ਨੂੰ ਕਿਹਾ ਹੈ ਕਿ ਇਨਾਂ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ ਅਤੇ ਚਲਾਨ ਕੱਟੇ ਜਾਣ।

ਪੁਲਿਸ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਇਸ ਖਤਰਨਾਕ ਮਹਾਮਾਰੀ ਨੂੰ ਫੈਲਣ ਤੋਂ ਰੋਕਣ ਲਈ ਕੋਈ ਵੀ ਨਾਗਰਿਕ ਘਰ ਤੋਂ ਬਾਹਰ ਨਿਕਲਣ ਲੱਗਿਆ ਮਾਸਕ ਦੀ ਵਰਤੋਂ ਜ਼ਰੂਰ ਕਰੇ ਅਤੇ ਇਨਾਂ ਹੁਕਮਾਂ ਨੂੰ ਲਾਗੂ ਕਰਨ ਵਿੱਚ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨਾਂ ਪੁਲਿਸ ਨੂੰ ਨਿਰਦੇਸ਼ ਦਿੱਤੇ ਕਿ ਜਿਹੜੇ ਵਿਅਕਤੀ ਜਨਤਕ ਸਥਾਨਾਂ ਉਤੇ ਬਿਨਾਂ ਮਾਸਕ (ਚਾਹੇ ਘਰ ਬਣਾਇਆ ਹੋਵੇ ਜਾਂ ਹੋਰ ਹੋਵੇ) ਤੋਂ ਬਿਨਾਂ ਦੇਖਿਆ ਜਾਵੇ, ਉਸ ਦਾ ਮਹਾਮਾਰੀ ਕਾਨੂੰਨ ਦੀ ਧਾਰਾਵਾਂ ਅਨੁਸਾਰ ਚਲਾਨ ਕੱਟਿਆ ਜਾਵੇ। ਉਨਾਂ ਜਨਤਕ ਤੌਰ 'ਤੇ ਮਾਸਕ ਪਹਿਣਨ ਦੇ ਹੁਕਮਾਂ ਦੀ 100 ਫੀਸਦੀ ਪਾਲਣਾ ਯਕੀਨੀ ਬਣਾਉਣ ਲਈ ਕਿਹਾ ਹੈ। ਡਾ. ਗਿੱਲ ਨੇ ਕਿਹਾ ਕਿ ਉਕਤ ਬਿਮਾਰੀ ਦਾ ਫਿਲਹਾਲ ਕੋਈ ਇਲਾਜ ਨਹੀਂ ਹੈ ਅਤੇ ਸਾਵਧਾਨੀ ਵਰਤ ਕੇ ਹੀ ਅਸੀਂ ਇਸ ਤੋਂ ਬਚ ਸਕਦੇ ਹਾਂ, ਸੋ ਜ਼ਰੂਰੀ ਹੈ ਕਿ ਆਪਾਂ ਸਾਰੇ ਆਪਣੀ ਤੇ ਆਪਣੇ ਪਰਿਵਾਰ ਦੀ ਸੁਰੱਖਿਆ ਲਈ ਸਰਕਾਰ ਵੱਲੋਂ ਦੱਸੀਆਂ ਜਾ ਰਹੀਆਂ ਸਾਵਧਾਨੀਆਂ ਨੂੰ ਆਪਣੀ ਰੋਜ਼-ਮਰਾ ਦੀ ਜਿੰਦਗੀ ਵਿਚ ਲਾਗੂ ਕਰੀਏ।

=======

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਹੁਣ ਕੰਬਾਇਨਾਂ ਸਵੇਰ 7 ਵਜੇ ਤੋਂ ਸ਼ਾਮ 8 ਵਜੇ ਤੱਕ ਚੱਲ ਸਕਣਗੀਆਂ**

ਅੰਮ੍ਰਿਤਸਰ, 18 ਅਪ੍ਰੈਲ ( )-

ਹਾੜੀ ਦੇ ਸੀਜ਼ਨ ਦੌਰਾਨ ਕਿਸਾਨਾਂ ਦੀ ਲੋੜ ਵਿਚ ਆਉਣ ਵਾਲੇ ਖੇਤੀ ਸੰਦ, ਜਿਸ ਵਿਚ ਟਰੈਕਟਰ-ਟਰਾਲੀ, ਕੰਬਾਇਨ, ਰੀਪਰ, ਆਦਿ ਸ਼ਾਮਿਲ ਹਨ, ਨੂੰ ਜਿਲਾ ਮੈਜਿਸਟਰੇਟ ਨੇ ਕੋਵਿਡ 19 ਤੋਂ ਬਚਾਅ ਲਈ ਲਗਾਏ ਗਏ ਕਰਫਿਊ ਤੋਂ ਢਿੱਲ ਦੇ ਦਿੱਤੀ ਹੋਈ ਹੈ। ਪਹਿਲਾਂ ਉਨਾਂ ਵੱਲੋਂ ਕੰਬਾਇਨ ਚਲਾਉਣ ਲਈ ਸਮਾਂ ਸਵੇਰੇ 6 ਵਜੇ ਤੋਂ 7 ਵਜੇ ਤੱਕ ਦਾ ਦਿੱਤਾ ਗਿਆ ਸੀ, ਜਿਸ ਵਿਚ ਸਵੇਰ ਦੀ ਨਮੀ ਕਾਰਨ ਸੋਧ ਕਰਦੇ ਹੋਏ ਇਹ ਸਮਾਂ ਸਵੇਰ 7 ਵਜੇ ਤੋਂ ਸ਼ਾਮ 8 ਵਜੇ ਤੱਕ ਦਾ ਕਰ ਦਿੱਤਾ ਗਿਆ ਹੈ। ਜਿਲਾ ਖੇਤੀ ਅਧਿਕਾਰੀ ਸ. ਹਰਿੰਦਰਜੀਤ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਦੇ ਸੈਕਟਰੀ ਸ. ਕਾਹਨ ਸਿੰਘ ਪੰਨੂੰ ਵੱਲੋਂ ਦਿੱਤੀ ਗਈ ਸਲਾਹ ਦੇ ਮੱਦੇਨਜ਼ਰ ਸਮੇਂ ਵਿਚ ਤਬਦੀਲੀ ਕੀਤੀ ਗਈ ਹੈ, ਤਾਂ ਜੋ ਕਿਸਾਨ ਸੁੱਕੀ ਕਣਕ ਹੀ ਕੱਟਣ, ਜਿਸ ਨੂੰ ਮੰਡੀ ਵਿਚ ਵੇਚਣ ਲਈ ਕੋਈ ਮੁਸ਼ਿਕਲ ਪੇਸ਼ ਨਾ ਆਵੇ ਅਤੇ ਨਾ ਹੀ ਕਿਸਾਨ ਨੂੰ ਜ਼ਿਆਦਾ ਸਮਾਂ ਮੰਡੀ ਵਿਚ ਬੈਠਣਾ ਪਵੇ।

==========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਬੈਂਕ ਆਫ ਇੰਡੀਆ ਨੇ ਕੀਤੀ ਲੋੜਵੰਦਾਂ ਦੀ ਸਹਾਇਤਾ**

ਅੰਮ੍ਰਿਤਸਰ, 18 ਅਪ੍ਰੈਲ (        )-

ਕੋਵਿਡ 19 ਤੋਂ ਬਚਾਅ ਲਈ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਦੌਰਾਨ ਲੋੜਵੰਦਾਂ ਦੀ ਬਾਂਹ ਫੜਨ ਲਈ ਪੰਜਾਬ ਸਰਕਾਰ ਦੇ ਨਾਲ-ਨਾਲ ਕੋਈ ਹੋਰ ਸਮਾਜ ਸੇਵੀ ਸੰਸਥਾਵਾਂ ਤੇ ਕਾਰਪੋਰੇਟ ਅਦਾਰੀ ਵੀ ਆ ਰਹੇ ਹਨ। ਅੱਜ ਬੈਂਕ ਆਫ ਇੰਡੀਆ ਦੇ ਜੋਨਲ ਦਫਤਰ ਨੇ 50 ਲੋੜਵੰਦ ਪਰਿਵਾਰਾਂ ਨੂੰ ਆਪਣੇ ਵੱਲੋਂ ਰਾਸ਼ਨ ਦੀਆਂ ਕਿੱਟਾਂ ਦਿੱਤੀਆਂ। ਮੈਨੇਜਰ ਰਵਿੰਦਰ ਸਿੰਘ ਨੇ ਦੱਸਿਆ ਕਿ ਬੈਂਕ ਵੱਲੋਂ ਅੱਜ 50 ਕਿੱਟ, ਜਿਸ ਵਿਚ ਆਟਾ , ਚੌਲ, ਖੰਡ, ਸਰੋਂ ਦਾ ਤੇਲ, ਚਾਹ ਪੱਤੀ, ਲੂਣ, ਬਿਸਕੁਟ ਅਤੇ ਸਾਬਣ ਸ਼ਾਮਿਲ ਸੀ, ਤਹਿਸੀਲਦਾਰ ਸ੍ਰੀ ਪ੍ਰਵੀਨ ਛਿੱਬਰ ਨੂੰ ਦਿੱਤੀਆਂ ਗਈਆਂ, ਜੋ ਕਿ ਇਨਾਂ ਨੂੰ ਲੋੜਵੰਦ ਪਰਿਵਾਰਾਂ ਤੱਕ ਪਹੁੰਚਾਉਣਗੇ। ਇਸ ਮੌਕੇ ਜੋਨਲ ਮੈਨੇਜਰ ਸ੍ਰੀ ਵਾਸੂਦੇਵ, ਡਿਪਟੀ ਜੋਨਲ ਮੈਨੇਜਰ ਸ੍ਰੀ ਕੇਵਲ ਗਰਗ ਅਤੇ ਮੈਨੇਜਰ ਭਾਸ਼ਾ ਵਿਭਾਗ ਸ੍ਰੀ ਮੁਕੇਸ਼ ਕੁਮਾਰ ਵੀ ਹਾਜ਼ਰ ਸਨ।

ਕੈਪਸ਼ਨ :

ਬੈਂਕ ਆਫ ਇੰਡੀਆ ਦੇ ਅਧਿਕਾਰੀ ਰਾਸ਼ਨ ਕਿੱਟਾਂ ਤਹਿਸੀਲਦਾਰ ਸ੍ਰੀ ਪ੍ਰਵੀਨ  ਛਿੱਬਰ ਦੇ ਹਵਾਲੇ ਕਰਦੇ ਹੋਏ।

=========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਹੁਸ਼ਿਆਰਪੁਰ ਦੇ 65 ਸਾਲਾ ਹਰਜਿੰਦਰ ਸਿੰਘ ਨੇ ਜਿੱਤੀ ਕੋਰੋਨਾ ਵਿਰੁੱਧ ਜੰਗ**

**ਗੁਰੂ ਨਾਨਕ ਦੇਵ ਹਸਪਤਾਲ ਤੋਂ ਮਿਲੇ ਇਲਾਜ ਅਤੇ ਖੁਰਾਕ ਉਤੇ ਪ੍ਰਗਟਾਈ ਸੰਤੁਸ਼ਟੀ**

**ਓ ਪੀ ਸੋਨੀ ਨੇ ਵੀ ਫੋਨ ਕਰਕੇ ਦਿੱਤੀਆਂ ਸ਼ੁਭ ਕਾਮਨਾਵਾਂ**

ਅੰਮ੍ਰਿਤਸਰ, 18 ਅਪ੍ਰੈਲ ( )-

ਹੁਸ਼ਿਆਰਪੁਰ ਦੇ ਪਿੰਡ ਪੈਂਥਰਾ ਦਾ ਵਾਸੀ ਹਰਜਿੰਦਰ ਸਿੰਘ, ਜਿੰਨਾ ਦੀ ਉਮਰ ਕਰੀਬ 65 ਸਾਲ ਹੈ, ਨੇ ਕੋਰੋਨਾ ਵ੍ਰਰੁੱਧ ਜੰਗ ਜਿੱਤ ਲਈ ਹੈ। ਲਗਭਗ 16 ਦਿਨਾਂ ਬਾਅਦ ਉਹ ਤੰਦਰੁਸਤ ਹੋ ਕੇ ਅੱਜ ਗੁਰੂ ਨਾਨਕ ਦੇਵ ਹਸਪਤਾਲ ਤੋਂ ਛੁੱਟੀ ਮਿਲਣ ਮਗਰੋਂ ਆਪਣੇ ਪਿੰਡ ਨੂੰ ਗਏ ਹਨ। ਇਸ ਮੌਕੇ ਖੁਸ਼ੀ ਵਿਚ ਖੀਵੇ ਹੋਏ ਸ. ਹਰਜਿੰਦਰ ਸਿੰਘ ਨੇ ਦੱਸਿਆ ਕਿ ਮੈਂ ਮੋਰਾਂਵਾਲੀ ਪਿੰਡ ਦੇ ਕੋਰੋਨਾ ਪ੍ਰਭਵਿਤ ਮਰੀਜ਼ ਦੇ ਸੰਪਰਕ ਵਿਚ ਸੀ ਅਤੇ ਕੁੱਝ ਦਿਨਾਂ ਬਾਅਦ ਮੈਨੂੰ ਕੋਰੋਨਾ ਦੇ ਕੁੱਝ ਲੱਛਣ ਮਹਿਸੂਸ ਹੋਏ, ਜਿਸ ਉਤੇ ਮੈਂ ਸਿਵਲ ਹਸਪਤਾਲ ਹੁਸ਼ਿਆਰਪੁਰ ਪਹੁੰਚ ਕੀਤੀ, ਜਿੰਨਾ ਨੇ ਮੇਰਾ ਟੈਸਟ ਕਰਕੇ ਮੈਨੂੰ ਕੋਰੋਨਾ ਤੋਂ ਪੀੜਤ ਦੱਸਿਆ ਅਤੇ 2 ਅਪ੍ਰੈਲ ਨੂੰ ਇਲਾਜ ਲਈ ਗੁਰੂ ਨਾਨਕ ਦੇਵ ਹਸਪਤਾਲ ਭੇਜ ਦਿੱਤਾ। ਉਨਾਂ ਕਿਹਾ ਕਿ ਇੱਥੇ ਡਾਕਟਰਾਂ ਨੇ ਮੇਰਾ ਇਲਾਜ ਕੀਤਾ ਅਤੇ ਖਾਣ ਲਈ ਚੰਗੀ ਖੁਰਾਕ ਵੀ ਦਿੱਤੀ। ਸ. ਹਰਜਿੰਦਰ ਸਿੰਘ ਨੇ ਕਿਹਾ ਕਿ ਮੈਂ ਡਾਕਟਰਾਂ ਉਤੇ ਭਰੋਸਾ ਰੱਖਿਆ ਅਤੇ ਜਿੰਦਗੀ ਪ੍ਰਤੀ ਹੌਸਲਾ ਨਹੀਂ ਛੱਡਿਆ। ਉਨਾਂ ਕਿਹਾ ਕਿ ਇੱਥੇ ਪਹਿਲੇ 2 ਕੁ ਦਿਨ ਮੈਨੂੰ ਸਾਹ ਦੀ ਤਕਲੀਫ ਮਹਿਸੂਸ ਹੋਈ ਸੀ, ਪਰ ਡਾਕਟਰਾਂ ਵੱਲੋਂ ਕੀਤੇ ਇਲਾਜ ਸਦਕਾ ਮੈਂ ਸਿਹਤਯਾਬ ਹੋਇਆ ਹਾਂ। ਉਨਾਂ ਹਸਪਤਾਲ ਵਿਚ ਹੋਏ ਇਲਾਜ ਤੇ ਮਿਲੀ ਖੁਰਾਕ ਦਾ ਵੀ ਵਿਸ਼ੇਸ਼ ਤੌਰ ਉਤੇ ਜ਼ਿਕਰ ਕਰਦੇ ਕਿਹਾ ਕਿ ਇੰਨਾਂ ਸਾਰਿਆਂ ਦੀ ਬਦੌਲਤ ਹੀ ਮੈਂ ਮੁੜ ਘਰ ਨੂੰ ਚੱਲਿਆ ਹਾਂ। ਇਸੇ ਦੌਰਾਨ ਪ੍ਰਿੰਸੀਪਲ ਸ੍ਰੀਮਤੀ ਸੁਜਾਤਾ ਸ਼ਰਮਾ ਨੇ ਦੱਸਿਆ ਕਿ ਇਲਾਜ ਤੋਂ 15 ਦਿਨ ਬਾਅਦ 17 ਅਪ੍ਰੈਲ ਅਤੇ ਫਿਰ 18 ਅਪ੍ਰੈਲ ਨੂੰ ਇੰਨਾਂ ਦਾ ਮੈਡੀਕਲ ਟੈਸਟ ਕੀਤਾ ਗਿਆ, ਜੋ ਕਿ ਨੈਗੇਟਿਵ ਆਉਣ ਮਗਰੋਂ ਇੰਨਾਂ ਨੂੰ ਅੱਜ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਹੈ।

ਇਸ ਮੌਕੇ ਡਾਕਟਰੀ ਸਿੱਖਿਆ ਅਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਵੀ ਉਨਾਂ ਨੂੰ ਫੋਨ ਉਤੇ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਸ਼ੁਭਕਾਮਨਾਵਾਂ ਦਿੱਤੀਆਂ ਤੇ ਹਸਪਤਾਲ ਪ੍ਰਬੰਧਾਂ ਬਾਰੇ ਫੀਡ ਬੈਕ ਲਈ, ਜਿਸ ਦੇ ਉਤਰ ਵਿਚ ਸ. ਹਰਜਿੰਦਰ ਸਿੰਘ ਨੇ ਦੱਸਿਆ ਕਿ ਮੈਨੂੰ ਇੱਥੇ ਕੋਈ ਸਮੱਸਿਆ ਨਹੀਂ ਆਈ ਅਤੇ ਘਰ ਨਾਲੋਂ ਵੀ ਵਧੀਆ ਖੁਰਾਕ ਮਿਲੀ ਹੈ। ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਸੁਜਾਤਾ ਸ਼ਰਮਾ, ਮੈਡੀਕਲ ਸੁਪਰਡੈਂਟ ਡਾ. ਰਮਨ ਸ਼ਰਮਾ, ਡਾਕਟਰ ਸ੍ਰੀਮਤੀ ਵੀਨਾ ਚਤਰਥ ਅਤੇ ਹੋਰ ਹਾਜ਼ਰ ਸਨ। ਡਾਕਟਰਾਂ ਨੇ ਫੁੱਲਾਂ ਦਾ ਗੁਲਦਸਤਾ ਅਤੇ ਜਿਲ•ਾ ਪ੍ਰਸ਼ਾਸ਼ਨ ਵੱਲੋਂ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਸੈਨੇਟਾਇਜ਼ਰ ਦਾ ਵੱਡਾ ਪੈਕ ਦੇ ਕੇ ਸ. ਹਰਜਿੰਦਰ ਸਿੰਘ ਨੂੰ ਰਵਾਨਾ ਕੀਤਾ ਗਿਆ, ਤਾਂ ਜੋ ਉਹ ਆਪਣੇ ਇਲਾਕੇ ਵਿਚ ਜਾ ਕੇ ਹੱਥ ਸਾਫ ਰੱਖਣ ਦਾ ਸੰਦੇਸ਼ ਅੱਗੇ ਵੀ ਦੇ ਸਕਣ।

ਕੈਪਸ਼ਨ

-ਮੈਡੀਕਲ ਕਾਲਜ ਦੀ ਪ੍ਰਿੰਸੀਪਲ ਡਾ. ਸੁਜਾਤਾ ਸ਼ਰਮਾ ਫੁੱਲ ਦੇ ਕੇ ਸ. ਹਰਜਿੰਦਰ ਸਿੰਘ ਨੂੰ ਗੁਰੂ ਨਾਨਕ ਦੇਵ ਹਸਪਤਾਲ ਤੋਂ ਘਰ ਨੂੰ ਰਵਾਨਾ ਕਰਦੇ ਹੋਏ।

========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਮਹਿਲਾ ਕਮਿਸ਼ਨ ਦੇ ਚੇਅਰਪਰਸਨ ਨੇ ਖ਼ੁਦ ਮੌਕੇ ਉਤੇ ਜਾ ਕੇ ਦਿਵਾਇਆ ਵਿਆਹੁਤਾ ਨੂੰ ਇਨਸਾਫ**

**ਪੁਲਿਸ ਨੂੰ ਕੇਸ ਦੀ ਜਾਂਚ ਕਰਨ ਲਈ ਦਿੱਤਾ 5 ਦਿਨਾਂ ਦਾ ਸਮਾਂ**

ਅੰਮ੍ਰਿਤਸਰ, 18 ਅਪ੍ਰੈਲ ( )-

ਸਰਹੱਦੀ ਖੇਤਰ ਅਜਨਾਲਾ ਦੇ ਪਿੰਡ ਬੋਲੀਆ ਤੋਂ ਆਏ ਇਕ ਫੋਨ ਉਤੇ ਕੀਤੀ ਮਹਿਲਾ ਦੀ ਸ਼ਿਕਾਇਤ ਉਤੇ ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਮੈਨ ਸ੍ਰੀਮਤੀ ਮਨੀਸ਼ਾ ਗੁਲਾਟੀ ਪੁਲਿਸ ਅਧਿਕਾਰੀਆਂ ਨਾਲ ਮੌਕੇ ਉਤੇ ਪੁੱਜੇ ਅਤੇ ਪੀੜਤ ਮਹਿਲਾ ਨੂੰ ਇਨਸਾਫ ਦਿਵਾਉਂਦੇ ਹੋਏ ਸੁਹਰੇ ਪਰਿਵਾਰ ਵੱਲੋਂ ਖੋਹੇ ਗਏ ਉਸਦੇ ਬੱਚੇ ਮਾਂ ਦੇ ਹਵਾਲੇ ਕਰਵਾਏ। ਸ੍ਰੀਮਤੀ ਗੁਲਾਟੀ ਨੇ ਦੱਸਿਆ ਕਿ ਫੋਨ ਕਰਨ ਵਾਲੀ ਮਹਿਲਾ ਨੇ ਮੈਨੂੰ ਦੱਸਿਆ ਕਿ ਮੇਰੇ ਡੇਢ ਮਹੀਨੇ ਅਤੇ ਡੇਢ ਸਾਲ ਦੇ ਦੋ ਬੱਚੇ ਸੁਹਰੇ ਪਰਿਵਾਰ ਨੇ ਮੇਰੇ ਕੋਲੋਂ ਖੋਹ ਲਏ ਹਨ ਅਤੇ ਮੈਨੂੰ ਕੁੱਟ ਕੇ ਘਰੋਂ ਕੱਢ ਦਿੱਤਾ ਹੈ।

ਸ਼ਿਕਾਇਤ ਸੁਣਨ ਮਗਰੋਂ ਚੇਅਰਪਰਸਨ ਨੇ ਆਈ. ਜੀ. ਬਾਰਡਰ ਰੇਂਜ ਸ੍ਰੀ ਐਸ ਪੀ ਐਸ ਪਰਮਾਰ ਅਤੇ ਜਿਲ•ਾ ਪੁਲਿਸ ਮੁਖੀ ਸੀ ਵਿਕਰਮ ਦੁੱਗਲ ਨਾਲ ਫੋਨ ਉਤੇ ਗੱਲਬਾਤ ਕੀਤੀ। ਉਨਾਂ ਨੇ ਡੀ ਐਸ ਪੀ ਰੈਂਕ ਦੇ ਇਕ ਅਧਿਕਾਰੀ ਦੀ ਡਿਊਟੀ ਲਗਾਈ ਤੇ ਅੱਜ ਸਵੇਰੇ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਪੁਲਿਸ ਫੋਰਸ ਨਾਲ ਮੌਕੇ ਉਤੇ ਪੁੱਜੇ। ਉਥੇ ਜਾ ਕੇ ਉਨਾਂ ਪੀੜਤ ਅਤੇ ਉਸਦੇ ਸੁਹਰੇ ਪਰਿਵਾਰ ਤੇ ਗੁਆਂਢੀਆਂ ਤੋਂ ਬਿਆਨ ਸੁਣੇ, ਜਿਸ ਵਿਚ ਸੁਹਰੇ ਪਰਿਵਾਰ ਨੇ ਇਸ ਨੂੰ ਦਰਾਣੀ ਤੇ ਜਠਾਣੀ ਦਾ ਝਗੜਾ ਦੱਸਿਆ, ਪਰ ਗੁਆਂਢੀਆਂ ਨੇ ਮਹਿਲਾ ਨੂੰ ਕੁੱਟਣ ਦੇ ਦੋਸ਼ਾਂ ਨੂੰ ਸੱਚਾ ਦੱਸਿਆ। ਸ੍ਰੀਮਤੀ ਗੁਲਾਟੀ ਨੇ ਪੁਲਿਸ ਦੀ ਹਾਜ਼ਰੀ ਵਿਚ ਦੋਵੇਂ ਬੱਚੇ ਪੀੜਤ ਮਹਿਲਾ ਦੇ ਹਵਾਲੇ ਕਰਕੇ ਪੁਲਿਸ ਨੂੰ ਉਕਤ ਕੇਸ ਦੀ ਜਾਂਚ ਲਈ 5 ਦਿਨ ਦਾ ਸਮਾਂ ਦਿੰਦੇ ਹਦਾਇਤ ਕੀਤੀ ਕਿ ਜੋ ਵੀ ਦੋਸ਼ੀ ਪਾਇਆ ਜਾਂਦਾ ਹੈ, ਉਸ ਵਿਰੁੱਧ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ।

ਕੈਪਸ਼ਨ

ਅਜਨਾਲਾ ਹਲਕੇ ਦੇ ਪਿੰਡ ਬੋਲੀਆ ਵਿਖੇ ਪੁੱਜੇ ਮਹਿਲਾ ਕਮਿਸ਼ਨ ਦੇ ਚੇਅਰਮੈਨ ਸ੍ਰੀਮਤੀ ਮਨੀਸ਼ਾ ਗੁਲਾਟੀ।

==========